# ਪੰਜਾਬ ਐਜੂਸੈਟ ਸੁਸਾਇਟੀ

ਈ. ਬਲਾਕ, ਟੈਕਸਟ ਬੁੱਕ ਸੈਲ, ਵਿੱਦਿਆ ਭਵਨ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172- 5218801, 5218802 ਈ-ਮੇਲ: edusat.punjab@gmail.com


ਵੱਲ,

1. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
3. ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ), ਪੰਜਾਬ।
4. ਸਮੂਹ ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)।

ਮੀਮੋ ਨੰ.: 24/40/2015/ਪੀ.ਈ.ਐਸ/ਟਾਈਮ-ਸ਼ਡਿਊਲ/ 2015 13943
ਮਿਤੀ: 28... ਅਗਸਤ, 2015.

**ਵਿਸ਼ਾ: ਸਤਿਕਾਰਯੋਗ ਪ੍ਰਧਾਨ ਮੰਤਰੀ ਜੀ ਵੱਲੋਂ ਵਿਦਿਆਰਥੀਆਂ ਨਾਲ ਰੂ-ਬ-ਰੂ ਪ੍ਰੋਗਰਾਮ ਮਿਤੀ 04.09.2015 ਨੂੰ ਅਧਿਆਪਕ ਦਿਵਸ ਦੇ ਮੌਕੇ ਤੇ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਜਿੰਵੇ ਕਿ ਪਿੱਛਲੇ ਵਰ੍ਹੇ ਵੀ ਵਿਦਿਆਰਥੀਆਂ ਵੱਲੋਂ ਇਸ ਪ੍ਰੋਗਰਾਮ ਵਿੱਚ ਬੜੀ ਧੂਮਧਾਮ ਨਾਲ ਆਪਣੇ-ਆਪਣੇ ਸਾਰੇ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸ਼ਮੂਲੀਅਤ ਕੀਤੀ ਗਈ ਸੀ। ਇਸੇ ਤਰ੍ਹਾਂ ਇਸ ਸਾਲ ਵੀ ਇਹ ਪ੍ਰੋਗਰਾਮ 04 ਸਤੰਬਰ 2015 ਨੂੰ ਸਵੇਰੇ 10:00 ਵਜੇ ਤੋਂ 11:45 ਵਜੇ ਤੱਕ ਸਕੂਲਾਂ ਲਈ ਨਸ਼ਰ ਕੀਤਾ ਜਾਵੇਗਾ। ਕ੍ਰਿਪਾ ਕਰਕੇ ਇਸ ਪ੍ਰੋਗਰਾਮ ਨੂੰ ਹਰ ਇੱਕ ਸਰਕਾਰੀ/ਏਡਿਡ/ਪ੍ਰਾਈਵੇਟ ਸਕੂਲ ਵਿਦਿਆਰਥੀਆਂ ਨੂੰ ਜਰੂਰ ਦਿਖਾਇਆ ਜਾਵੇ ਤਾਂ ਜੋ ਵਿਦਿਆਰਥੀ ਇਸ ਪ੍ਰੋਗਰਾਮ ਦਾ ਭਰਪੂਰ ਲਾਭ ਉਠਾ ਸਕਣ। ਪ੍ਰੋਗਰਾਮ ਹੇਠ ਲਿਖੇ ਤਰੀਕਿਆਂ ਰਾਹੀਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਕੂਲ ਮੁੱਖੀ ਅਤੇ ਅਧਿਆਪਕਾਂ ਦੀ ਨਿਗਰਾਨੀ ਵਿੱਚ ਦਿਖਾਇਆ ਜਾਵੇ।

2.0 ਇਸ ਪ੍ਰੋਗਰਾਮ ਦਾ ਸਿਧਾ ਪ੍ਰਸਾਰਣ ਐਜੂਸੈਟ ਨੈਟਵਰਕ ਰਾਹੀਂ ਕੀਤਾ ਜਾਵੇਗਾ ਇਸ ਲਈ ਜਿਨ੍ਹਾਂ ਸਕੂਲਾਂ ਵਿੱਚ ਐਜੂਸੈਟ ਨੈਟਵਰਕ ਅਧੀਨ ਆਰ.ਓ.ਟੀ ਚਾਲੂ ਸਥਿਤੀ ਵਿੱਚ ਹਨ ਉਹਨਾਂ ਸਕੂਲਾਂ ਦੇ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਐਜੂਸੈਟ ਰੂਮ ਵਿੱਚ ਇਹ ਪ੍ਰੋਗਰਾਮ ਦਿਖਾਇਆ ਜਾਵੇ।

3.0 ਐਜੂਸੈਟ ਪ੍ਰਸਾਰਣ ਦੇ ਨਾਲ-ਨਾਲ ਇਹ ਪ੍ਰੋਗਰਾਮ ਦੂਰਦਰਸ਼ਨ ਦੁਆਰਾ ਨੈਸ਼ਨਲ ਅਤੇ ਰੀਜਨਲ ਚੈਨਲਜ਼ ਤੇ ਵੀ ਟੈਲੀਕਾਸਟ ਹੋਵੇਗਾ। ਸਕੂਲਾਂ ਵਿੱਚ ਟੈਲੀਵਿਜਨ ਅਤੇ ਵੱਧ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਪ੍ਰੋਜੈਕਟਰ ਦਾ ਪ੍ਰਬੰਧ ਕਰਕੇ ਵੀ ਇਹ ਪ੍ਰੋਗਰਾਮ ਬਾਕੀ ਵਿਦਿਆਰਥੀਆਂ ਨੂੰ ਦਿਖਾਇਆ ਜਾ ਸਕਦਾ ਹੈ।

4.0 ਇਹ ਪ੍ਰੋਗਰਾਮ ਸਕੂਲਾਂ ਵਿੱਚ ਮੌਜੂਦ ਕੰਪਿਊਟਰ ਲੈਬਜ਼ ਵਿੱਚ ਜਿਥੇ ਇੰਟਰਨੈਟ ਸੁਵਿਧਾ ਚਾਲੂ ਹੈ ਤੇ ਵੀ ਵਿਦਿਆਰਥੀਆਂ ਨੂੰ ਐਮ.ਐਚ.ਆਰ.ਡੀ ਦੀ ਵੈਬਸਾਈਟ/Youtube ਤੇ ਵਿਖਾਇਆ ਜਾ ਸਕਦਾ ਹੈ।

5.0 ਅਜਿਹੇ ਸਕੂਲਾਂ ਵਿੱਚ ਜਿਥੇ ਹੋਰ ਸੁਵਿਧਾਵਾਂ ਉਪਲਬਧ ਨਹੀਂ ਹਨ ਤਾਂ ਰੇਡਿਓ ਤੇ ਵੀ ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਸੁਣਾਇਆ ਜਾ ਸਕਦਾ ਹੈ, ਪ੍ਰੰਤੂ ਚੰਗਾ ਹੋਵੇਗਾ ਜੇਕਰ ਇਹਨਾਂ ਸਕੂਲਾਂ ਵਿੱਚ ਵੀ ਟੈਲੀਵਿਜਨ ਉਪਲਬਧ ਕਰਾ ਕੇ ਵਿਦਿਆਰਥੀਆਂ ਨੂੰ ਇਹ ਪ੍ਰੋਗਰਾਮ ਜਰੂਰ ਦਿਖਾਇਆ ਜਾਵੇ।

6.0 ਸੁਨਿਸ਼ਚਿਤ ਕੀਤਾ ਜਾਵੇ ਕਿ ਸਕੂਲ ਵਿੱਚ ਹਾਜ਼ਰ ਸਾਰੇ ਵਿਦਿਆਰਥੀ ਅਧਿਆਪਕਾਂ ਦੀ ਹਾਜ਼ਰੀ ਵਿੱਚ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਅਤੇ ਇਸ ਲਈ ਉਪਰੋਕਤ ਉਪਰਾਲੇ ਲੋੜ ਅਨੁਸਾਰ ਕੀਤੇ ਜਾਣੇ ਜਰੂਰੀ ਹਨ। ਪ੍ਰੋਗਰਾਮ ਵਿੱਚ ਭਾਗ ਲੈਂਦੇ ਹੋਏ ਵਿਦਿਆਰਥੀਆਂ ਦੀ ਫੋਟੋ ਕ੍ਰਿਪਾ ਕਰਕੇ ਫੋਨ ਨੰ. 7696815833/9023551133 ਤੇ ਜਰੂਰ ਭੇਜਣ ਦੀ ਖੇਚਲ ਕੀਤੀ ਜਾਵੇ। ਜਿਲ੍ਹਾ ਐਜੂਸੈਟ ਕੋਆਰਡੀਨੇਟਰ ਸੈਕੰਡਰੀ ਵਿਭਾਗ ਨਾਲ ਸਬੰਧਤ ਜਿਲ੍ਹੇ ਦੇ ਸਾਰੇ ਸਕੂਲਾਂ ਦੀ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਰਾਹੀਂ ਅਤੇ ਜਿਲ੍ਹਾ ਸਿੱਖਿਆ ਅਫਸਰ (ਐ.ਸਿ) ਪ੍ਰਾਈਮਰੀ ਵਿਭਾਗ ਨਾਲ ਸਬੰਧਤ ਸਕੂਲਾਂ ਦੀ ਰਿਪੋਰਟ ਸਟੇਟ ਦਫਤਰ ਨੂੰ ਈ-ਮੇਲ feedbackedusat@gmail.com ਰਾਹੀਂ ਭੇਜਣਗੇ ਜਿਸ ਵਿੱਚ ਭਾਗ ਲੈਣ ਵਾਲੇ ਸਾਰੇ ਸਕੂਲਾਂ ਦੀ ਗਿਣਤੀ, ਵਿਦਿਆਰਥੀਆਂ ਦੀ ਗਿਣਤੀ ਅਤੇ ਵਰਤੇ ਗਏ ਮੋਡ ਸਬੰਧੀ ਵੇਰਵੇ ਦਰਜ ਕੀਤੇ ਹੋਣ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠਅੰਕਣ ਨੰ.: 24/40/2015/ਪੀ.ਈ.ਐਸ/ਟਾਈਮ-ਸ਼ਡਿਊਲ/ ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ।

1. ਡੀ.ਪੀ.ਆਈ.(ਸੈ.ਸਿ) ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
3. ਡਿਪਟੀ ਡਾਇਰੈਕਟਰ, ਐਸ.ਆਈ.ਐਸ.ਈ ਪੰਜਾਬ ਪੱਤਰ ਨੰ. 24/123/2013/ਪੀ.ਈ.ਐਸ/ਆਰ.ਪੀ/7722, ਮਿਤੀ 28.05.2015 ਦੇ ਹਵਾਲੇ ਨਾਲ।
4. ਸਮੂਹ ਪ੍ਰਿੰਸੀਪਲ ਡਾਇਟ।
5. ਸਮੂਹ ਜਿਲ੍ਹਾ ਐਜੂਸੈਟ ਕੋਆਰਡੀਨੇਟਰ, ਪੰਜਾਬ।
6. ਏ.ਜੀ.ਐਮ.(ਵਿੱਤ), ਸਬੰਧਤ ਵਿਸ਼ਾ ਮਾਹਿਰ, ਸਟੂਡਿਓ ਇੰਜੀਨੀਅਰ ਅਤੇ ਤਕਨੀਕੀ ਸਟਾਫ, ਐਜੂਸੈਟ।
7. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਤੇ ਉਪਲਬਧ ਕਰਾਉਣ ਲਈ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ